Canadian Cancer Society
Société canadienne du cancer

# ਪਤਾਲੂਆਂ ਦੀ ਕੈਂਸਰ

*ਆਪਣੇ ਰੋਗ ਨੂੰ ਸਮਝਣਾ*

## Testicular Cancer

*Understanding your diagnosis*



ਆਓ ਕੈਂਸਰ ਨੂੰ ਬੀਤੇ ਸਮੇਂ ਦੀ ਚੀਜ਼ ਬਣਾਈਏ

1 888 939-3333 | www.cancer.ca

# ਪਤਾਲੂਆਂ ਦੀ ਕੈਂਸਰ
*ਆਪਣੇ ਰੋਗ ਨੂੰ ਸਮਝਣਾ*

ਆਪਣੀ ਕੈਂਸਰ ਦਾ ਪਹਿਲੀ ਵਾਰ ਪਤਾ ਲੱਗਣ ’ਤੇ ਤੁਸੀਂ ਇਕੱਲੇ ਅਤੇ ਡਰੇ ਹੋਏ ਮਹਿਸੂਸ ਕਰ ਸਕਦੇ ਹੋ। ਤੁਸੀਂ ਸਾਰੀ ਮਿਲੀ ਜਾਣਕਾਰੀ ਅਤੇ ਕਈ ਫੈਸਲੇ ਕਰਨ ਦੀ ਲੋੜ ਕਾਰਨ ਜਜ਼ਬਾਤਾਂ ਹੇਠ ਦੱਬੇ ਹੋਏ ਵੀ ਮਹਿਸੂਸ ਕਰ ਸਕਦੇ ਹੋ।

ਇਸ ਲਿਖਤ ਵਿਚਲੀ ਮੁਢਲੀ ਜਾਣਕਾਰੀ, ਪਤਾਲੂਆਂ ਦੀ ਕੈਂਸਰ ਬਾਰੇ ਜਾਣਨ ਲਈ ਪਹਿਲਾ ਕਦਮ ਚੁੱਕਣ ਵਿਚ ਤੁਹਾਡੀ ਅਤੇ ਤੁਹਾਡੇ ਪਰਿਵਾਰ ਦੀ ਮਦਦ ਕਰ ਸਕਦੀ ਹੈ। ਆਪਣੀ ਬੀਮਾਰੀ ਦੀ ਬਿਹਤਰ ਸਮਝ ਤੁਹਾਡੇ ਵਿਚ ਕੰਟਰੋਲ ਦੀ ਭਾਵਨਾ ਪੈਦਾ ਕਰ ਸਕਦੀ ਹੈ ਅਤੇ ਆਪਣੇ ਲਈ ਸਭ ਤੋਂ ਬਿਹਤਰ ਇਲਾਜ ਦੀ ਚੋਣ ਕਰਨ ਲਈ ਇਲਾਜ ਕਰਨ ਵਾਲਿਆਂ ਦੀ ਟੀਮ ਨਾਲ ਰਲ ਕੇ ਕੰਮ ਕਰਨ ਵਿਚ ਮਦਦ ਕਰ ਸਕਦੀ ਹੈ।

**Cover photograph**: © Getty Images

# ਕੈਂਸਰ ਕੀ ਹੈ?

ਕੈਂਸਰ ਇਕ ਬੀਮਾਰੀ ਹੈ ਜਿਹੜੀ ਸਾਡੇ ਸੈੱਲਾਂ ਵਿਚ ਸ਼ੁਰੂ ਹੁੰਦੀ ਹੈ। ਸਾਡੇ ਸਰੀਰ ਲੱਖਾਂ ਸੈੱਲਾਂ ਦੇ ਬਣੇ ਹੋਏ ਹਨ ਅਤੇ ਇਹ ਸੈੱਲ ਇਕੱਠੇ ਹੋ ਕੇ ਟਿਸ਼ੂ ਜਾਂ ਅੰਗ ਬਣਾਉਂਦੇ ਹਨ ਜਿਵੇਂ ਕਿ ਪੱਠੇ ਅਤੇ ਹੱਡੀਆਂ, ਫੇਫੜੇ ਜਾਂ ਜਿਗਰ। ਹਰ ਸੈੱਲ ਵਿਚਲੇ ਜੀਨਜ਼ ਇਸ ਨੂੰ ਵਧਣ, ਕੰਮ ਕਰਨ, ਹੋਰ ਸੈੱਲ ਪੈਦਾ ਕਰਨ ਅਤੇ ਮਰਨ ਦਾ ਹੁਕਮ ਦਿੰਦੇ ਹਨ। ਆਮ ਤੌਰ 'ਤੇ ਸਾਡੇ ਸੈੱਲ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦੇ ਹਨ ਅਤੇ ਅਸੀਂ ਤੰਦਰੁਸਤ ਰਹਿੰਦੇ ਹਾਂ।

ਕਦੇ ਕਦੇ ਕੁਝ ਸੈੱਲਾਂ ਦੀਆਂ ਹਿਦਾਇਤਾਂ ਵਿਚ ਘਾਲਾ-ਮਾਲਾ ਹੋ ਜਾਂਦਾ ਹੈ ਅਤੇ ਇਹ ਅਨੇਮੇ ਤਰੀਕੇ ਨਾਲ ਵਰਤਾਉ ਕਰਦੇ ਹਨ। ਇਹ ਸੈੱਲ ਬਿਨਾਂ ਕੰਟਰੋਲ ਦੇ ਵਧਦੇ ਅਤੇ ਵੰਡ ਹੁੰਦੇ ਹਨ। ਕੁਝ ਸਮੇਂ ਬਾਅਦ ਅਨੇਮੇ ਸੈੱਲਾਂ ਦੇ ਗਰੁੱਪ, ਗਿਲਟੀਆਂ (ਲੰਪਸ) ਜਾਂ ਰਸੌਲੀਆਂ (ਟਿਊਮਰਜ਼) ਬਣਾ ਲੈਂਦੇ ਹਨ।

ਰਸੌਲੀਆਂ ਮਾਮੂਲੀ (ਕੈਂਸਰ ਵਾਲੀਆਂ ਨਹੀਂ) ਜਾਂ ਖਤਰਨਾਕ (ਕੈਂਸਰ ਵਾਲੀਆਂ) ਹੋ ਸਕਦੀਆਂ ਹਨ। ਮਾਮੂਲੀ ਰਸੌਲੀਆਂ ਦੇ ਸੈੱਲ ਸਰੀਰ ਵਿਚ ਇਕ ਥਾਂ 'ਤੇ ਹੀ ਰਹਿੰਦੇ ਹਨ ਅਤੇ ਇਹ ਆਮ ਤੌਰ 'ਤੇ ਜ਼ਿੰਦਗੀ ਨੂੰ ਖਤਰਾ ਨਹੀਂ ਹੁੰਦੇ।

ਕੈਂਸਰ ਵਾਲੀਆਂ ਰਸੌਲੀਆਂ ਦੇ ਸੈੱਲ ਆਪਣੇ ਆਲੇ ਦੁਆਲੇ ਦੇ ਟਿਸ਼ੂਆਂ 'ਤੇ ਹਮਲਾ ਕਰਨ ਦੇ ਯੋਗ ਹੁੰਦੇ ਹਨ ਅਤੇ ਸਰੀਰ ਦੇ ਹੋਰ ਹਿੱਸਿਆਂ ਵਿਚ ਫੈਲ ਜਾਂਦੇ ਹਨ। ਸਰੀਰ ਦੇ ਹੋਰ ਭਾਗਾਂ ਵਿੱਚ ਫੈਲਣ ਵਾਲੇ ਕੈਂਸਰ ਵਾਲੇ ਸੈੱਲਾਂ ਨੂੰ ਮੈਟਾਸਟੇਟਸ ਕਿਹਾ ਜਾਂਦਾ ਹੈ।

ਅਕਸਰ ਘਾਤਕ ਰਸੌਲੀ ਦੇ ਫੈਲਣ ਦੀ ਪਹਿਲੀ ਨਿਸ਼ਾਨੀ ਨੇੜੇ ਦੀਆਂ ਲਿੰਫ ਨੋਡਜ਼ (ਲਸੀਕਾ ਗਿਲ੍ਹਟੀਆਂ) ਵਿਚ ਸੋਜ ਪੈਣਾ ਹੈ, ਪਰ ਕੈਂਸਰ ਸਰੀਰ ਦੇ ਤਕਰੀਬਨ ਕਿਸੇ ਵੀ ਹਿੱਸੇ ਵਿਚ ਫੈਲ ਸਕਦੀ ਹੈ। ਕੈਂਸਰ ਵਾਲੀਆਂ ਰਸੌਲੀਆਂ ਦੀ ਜਿੰਨਾ ਵੀ ਛੇਤੀ ਹੋ ਸਕੇ ਪਛਾਣ ਕਰਨਾ ਅਤੇ ਇਨ੍ਹਾਂ ਦਾ ਇਲਾਜ ਕਰਨਾ ਜ਼ਰੂਰੀ ਹੈ।

ਕੈਂਸਰਾਂ ਦੇ ਨਾਂ ਸਰੀਰ ਦੇ ਉਨ੍ਹਾਂ ਹਿੱਸਿਆਂ ਦੇ ਨਾਂ ਉਪਰ ਰੱਖੇ ਗਏ ਹਨ ਜਿੱਥੇ ਇਹ ਸ਼ੁਰੂ ਹੁੰਦੀਆਂ ਹਨ। ਉਦਾਹਰਣ ਵਜੋਂ, ਜਿਹੜੀ ਕੈਂਸਰ ਪਤਾਲੂਆਂ ਵਿਚ ਸ਼ੁਰੂ ਹੁੰਦੀ ਹੈ ਪਰ ਜਿਗਰ ਤੱਕ ਫੈਲ ਜਾਂਦੀ ਹੈ ਉਸ ਨੂੰ ਟੈੱਸਟੀਕੁਲਰ ਕੈਂਸਰ ਵਿਦ ਲਿਵਰ ਮੈਟਾਸਟੇਟਸ (ਜਿਗਰ ਤੱਕ ਫੈਲਣ ਵਾਲੀ ਪਤਾਲੂਆਂ ਦੀ ਕੈਂਸਰ) ਕਿਹਾ ਜਾਂਦਾ ਹੈ।

# ਪਤਾਲੂਆਂ ਦੀ ਕੈਂਸਰ ਕੀ ਹੈ?

ਪਤਾਲੂਆਂ ਦੀ ਕੈਂਸਰ ਪਤਾਲੂ ਦੇ ਸੈੱਲਾਂ ਵਿਚ ਸ਼ੁਰੂ ਹੁੰਦੀ ਹੈ। ਪਤਾਲੂ ਮਰਦਾਂ ਦੇ ਸੰਤਾਨ ਉਤਪਤੀ ਕਰਨ ਵਾਲੇ ਸਿਸਟਮ ਦਾ ਹਿੱਸਾ ਹਨ। ਇਹ ਆਂਡੇ ਦੀ ਸ਼ਕਲ ਦੇ ਦੋ ਅੰਗ ਹਨ ਜੋ ਲਿੰਗ ਦੇ ਮੁਢ ਹੇਠਲੀ ਢਿੱਲੀ ਚਮੜੀ ਵਾਲੀ ਥੈਲੀ (ਪਤਾਲੂ-ਥੈਲੀ) ਵਿਚ ਹੁੰਦੇ ਹਨ। ਪਤਾਲੂਆਂ ਨੂੰ ਵੀਰਜ-ਨਾੜੀ ਅੰਡਕੋਸ਼ ਵਿਚ ਰੱਖਦੀ ਹੈ। ਵੀਰਜ-ਨਾੜੀ ਵਿਚ ਡਕਟਸ ਡੈਫਰੇਨਜ਼, ਕੁਝ ਲਿੰਫ ਨੋਡਜ਼, ਨਾੜੀਆਂ ਅਤੇ ਨਸਾਂ ਹੁੰਦੀਆਂ ਹਨ।

ਪਤਾਲੂ ਮਰਦਾਂ ਦੇ ਸੈਕਸ ਹਾਰਮੋਨ ਟੈਸਟੋਸਟੈਰੋਨ ਅਤੇ ਸਪਰਮ ਬਣਾਉਂਦੇ ਹਨ। ਸਪਰਮ, ਪਤਾਲੂਆਂ ਦੇ ਅੰਦਰ "ਜਰਮ" ਸੈੱਲਾਂ ਵਿੱਚ ਬਣਨਾ ਸ਼ੁਰੂ ਕਰਦੇ ਹਨ। ਪਤਾਲੂਆਂ ਦੀਆਂ ਬਹੁਤੀਆਂ ਕੈਂਸਰ ਜਰਮ ਸੈੱਲਾਂ ਵਿਚ ਸ਼ੁਰੂ ਹੁੰਦੀਆਂ ਹਨ ਅਤੇ ਇਨ੍ਹਾਂ ਨੂੰ ਜਰਮ ਸੈੱਲ ਟਿਊਮਰਜ਼ ਕਿਹਾ ਜਾਂਦਾ ਹੈ।

ਜਰਮ ਸੈੱਲ ਰਸੌਲੀਆਂ ਦੀਆਂ ਦੋ ਮੁੱਖ ਕਿਸਮਾਂ ਹਨ – ਸੈਮੀਨੋਮਸ ਅਤੇ ਨੌਨ-ਸੈਮੀਨੋਮਸ। ਹਰ ਕਿਸਮ ਵੱਖਰੀ ਤਰ੍ਹਾਂ ਵਧਦੀ ਹੈ ਅਤੇ ਹਰ ਇਕ ਦਾ ਇਲਾਜ ਵੱਖਰਾ ਹੁੰਦਾ ਹੈ। ਦੋਨਾਂ ਕਿਸਮਾਂ ਦਾ ਇਲਾਜ ਕਾਮਯਾਬੀ ਨਾਲ ਹੋ ਸਕਦਾ ਹੈ।.



## ਪਤਾਲੂਆਂ ਦੀ ਕੈਂਸਰ ਹੋਣ ਦੇ ਕਾਰਨ

ਪਤਾਲੂਆਂ ਦੀ ਕੈਂਸਰ ਦਾ ਕੋਈ ਇਕ ਕਾਰਨ ਨਹੀਂ ਹੈ ਪਰ ਜਾਪਦਾ ਹੈ ਕਿ ਅੱਗੇ ਲਿਖੀਆਂ ਕੁਝ ਗੱਲਾਂ ਇਸ ਦਾ ਖਤਰਾ ਵਧਾਉਂਦੀਆਂ ਹਨ:

- ਪਤਾਲੂਆਂ ਦਾ ਪਤਾਲੂ-ਥੈਲੀ ਵਿਚ ਦੇਰ ਨਾਲ ਜਾਣਾ (ਜੇ ਇਸ ਨੂੰ ਛੇਤੀ ਠੀਕ ਨਾ ਕੀਤਾ ਜਾਵੇ)
- ਉਮਰ – 15 ਅਤੇ 49 ਸਾਲ ਦੇ ਵਿਚਕਾਰ
- ਪਰਿਵਾਰ ਵਿਚ ਪਹਿਲਾਂ ਕਿਸੇ ਨੂੰ ਜਾਂ ਨਿੱਜੀ ਤੌਰ ਤੇ ਪਹਿਲਾਂ ਪਤਾਲੂਆਂ ਦੀ ਕੈਂਸਰ ਹੋਏ ਹੋਣਾ
- ਪਤਾਲੂਆਂ ਦਾ ਵਿਕਾਸ ਠੀਕ ਨਾ ਹੋਇਆ ਹੋਣਾ

ਕੁਝ ਮਰਦਾਂ ਨੂੰ ਖਤਰੇ ਦੇ ਇਨ੍ਹਾਂ ਕਾਰਨਾਂ ਤੋਂ ਬਿਨਾਂ ਵੀ ਪਤਾਲੂਆਂ ਦੀ ਕੈਂਸਰ ਹੋ ਜਾਂਦੀ ਹੈ।

## ਪਤਾਲੂਆਂ ਦੀ ਕੈਂਸਰ ਦੀਆਂ ਨਿਸ਼ਾਨੀਆਂ

ਪਤਾਲੂਆਂ ਦੀ ਕੈਂਸਰ ਦੀ ਸੱਭ ਤੋਂ ਅਗੇਤੀ ਨਿਸ਼ਾਨੀ ਪਤਾਲੂ ਉੱਪਰ ਗਿਲਟੀ ਹੋਣਾ ਜਾਂ ਸੋਜ ਪੈਣਾ ਹੈ। ਇਹ ਗਿਲਟੀਆਂ ਦਰਦ-ਰਹਿਤ ਜਾਂ ਥੋੜ੍ਹੀ ਜਿਹੀ ਬੇਆਰਾਮੀ ਵਾਲੀਆਂ ਹੋ ਸਕਦੀਆਂ ਹਨ। ਢਿੱਡ ਦੇ ਹੇਠਲੇ ਪਾਸੇ ਜਾਂ ਪਤਾਲੂ-ਥੈਲੀ ਵਿਚ ਭਾਰਾਪਣ ਜਾਂ ਬੇਆਰਾਮੀ ਮਹਿਸੂਸ ਹੋਣਾ ਵੀ ਇਕ ਆਮ ਨਿਸ਼ਾਨੀ ਹੈ।

## ਪਤਾਲੂਆਂ ਦੀ ਕੈਂਸਰ ਦੀ ਪਛਾਣ ਕਰਨਾ

ਤੁਹਾਡੇ ਡਾਕਟਰ ਨੂੰ ਤੁਹਾਡੀ ਸਿਹਤ ਬਾਰੇ ਤੁਹਾਡੇ ਨਾਲ ਗੱਲ ਕਰਨ ਅਤੇ ਸਰੀਰਕ ਚੈੱਕਅੱਪ ਕਰਨ ਤੋਂ ਬਾਅਦ, ਇਹ ਸ਼ੱਕ ਪਈ ਹੋ ਸਕਦੀ ਹੈ ਕਿ ਤੁਹਾਨੂੰ ਸ਼ਾਇਦ ਪਤਾਲੂਆਂ ਦੀ ਕੈਂਸਰ ਹੈ। ਪਤਾਲੂਆਂ ਦੀ ਕੈਂਸਰ ਦਾ ਪੱਕਾ ਪਤਾ ਲਾਉਣ ਲਈ ਤੁਹਾਡਾ ਡਾਕਟਰ ਕਈ ਖਾਸ ਟੈੱਸਟਾਂ ਦਾ ਪ੍ਰਬੰਧ ਕਰੇਗਾ। ਇਹ ਟੈੱਸਟ ਕੈਂਸਰ ਦੀ "ਸਟੇਜ" ਦਾ ਪਤਾ ਲਾਉਣ ਲਈ ਵੀ ਵਰਤੇ ਜਾ ਸਕਦੇ ਹਨ। ਅੱਗੇ ਲਿਖੇ ਟੈੱਸਟਾਂ ਵਿੱਚੋਂ ਤੁਹਾਡੇ ਇਕ ਜਾਂ ਜ਼ਿਆਦਾ ਟੈੱਸਟ ਹੋ ਸਕਦੇ ਹਨ।

**ਓਰਚਿਕਟਮੀ ਅਤੇ ਬਾਇਓਪਸੀ:** ਕੈਂਸਰ ਦਾ ਪੂਰੀ ਤਰ੍ਹਾਂ ਪਤਾ ਲਾਉਣ ਲਈ ਸਾਰੇ ਪਤਾਲੂ ਨੂੰ ਕੱਢਣਾ ਆਮ ਹੈ। ਇਸ ਸਰਜਰੀ ਨੂੰ ਓਰਚਿਕਟਮੀ (ਜਾਂ ਓਰਚੀਡਿਕਟਮੀ) ਕਿਹਾ

© Canadian Cancer Society 2006

ਜਾਂਦਾ ਹੈ। ਇਹ ਸਰਜਰੀ ਆਮ ਤੌਰ 'ਤੇ ਬੇਹੋਸ਼ ਕਰਕੇ ਕੀਤੀ ਜਾਂਦੀ ਹੈ। ਤੁਸੀਂ ਆਮ ਤੌਰ 'ਤੇ ਅਗਲੇ ਦਿਨ ਹਸਪਤਾਲ ਤੋਂ ਘਰ ਜਾ ਸਕਦੇ ਹੋ। ਬਚ ਗਏ ਇਕ ਤੰਦਰੁਸਤ ਪਤਾਲੂ ਨਾਲ ਤੁਹਾਡਾ ਲਿੰਗ ਖੜ੍ਹਾ ਹੋਵੇਗਾ ਅਤੇ ਤੁਸੀਂ ਅਜੇ ਵੀ ਬੱਚੇ ਪੈਦਾ ਕਰ ਸਕੋਗੇ।

ਕੱਢੇ ਗਏ ਪਤਾਲੂ ਵਿਚਲੇ ਸੈੱਲਾਂ ਨੂੰ ਮਾਇਕਰੋਸਕੋਪ ਥੱਲੇ ਚੈੱਕ ਕੀਤਾ ਜਾਂਦਾ ਹੈ। ਜੇ ਸੈੱਲ ਕੈਂਸਰ ਵਾਲੇ ਹੋਣ ਤਾਂ ਇਹ ਦੇਖਣ ਲਈ ਇਨ੍ਹਾਂ ਦੀ ਹੋਰ ਜਾਂਚ ਕੀਤੀ ਜਾ ਸਕਦੀ ਹੈ ਕਿ ਇਹ ਕੈਂਸਰ ਕਿਸ ਕਿਸਮ ਦੀ ਹੈ ਅਤੇ ਸੈੱਲ ਕਿੰਨੀ ਤੇਜ਼ੀ ਨਾਲ ਵਧ ਰਹੇ ਹਨ। ਜੇ ਕੈਂਸਰ ਪਤਾਲੂ ਤੋਂ ਅਗਾਂਹ ਨਾ ਵਧੀ ਹੋਵੇ ਤਾਂ ਸ਼ਾਇਦ ਤੁਹਾਨੂੰ ਹੋਰ ਇਲਾਜ ਦੀ ਲੋੜ ਨਾ ਰਹੇ।

**ਖ਼ੂਨ ਦੇ ਟੈੱਸਟ:** ਖ਼ੂਨ ਲੈ ਕੇ ਇਹ ਦੇਖਣ ਲਈ ਟੈੱਸਟ ਕੀਤਾ ਜਾਂਦਾ ਹੈ ਕਿ ਕੀ ਵੱਖ ਵੱਖ ਕਿਸਮ ਦੇ ਖ਼ੂਨ-ਸੈੱਲ ਗਿਣਤੀ ਅਤੇ ਦਿੱਖ ਵਿਚ ਆਮ ਵਰਗੇ ਹਨ। ਇਹ ਨਤੀਜੇ ਡਾਕਟਰ ਨੂੰ ਇਹ ਦਿਖਾਉਂਦੇ ਹਨ ਕਿ ਤੁਹਾਡੇ ਅੰਗ ਕਿੰਨਾ ਕੁ ਵਧੀਆ ਕੰਮ ਕਰ ਰਹੇ ਹਨ ਅਤੇ ਕੀ ਕੈਂਸਰ ਹੈ ਜਾਂ ਨਹੀਂ। ਪਤਾਲੂਆਂ ਦੀ ਕੈਂਸਰ ਦਾ ਪਤਾ ਤੁਹਾਡੇ ਖ਼ੂਨ ਵਿਚਲੇ ਕੈਮੀਕਲਾਂ ਤੋਂ ਵੀ ਲੱਗ ਸਕਦਾ ਹੈ ਜਿਸ ਨੂੰ ਟਿਊਮਰ ਮਾਰਕਰ ਕਿਹਾ ਜਾਂਦਾ ਹੈ। ਪਤਾਲੂਆਂ ਦੀ ਕੈਂਸਰ ਲਈ ਟਿਊਮਰ ਮਾਰਕਰ ਏ ਐੱਫ ਪੀ (ਅਲਫਾ-ਫੀਟੋ ਪ੍ਰੋਟੀਨ), ਬੇਟਾ-ਐੱਚ ਸੀ ਜੀ (ਬੇਟਾ-ਹਿਊਮਨ ਕੋਰੀਓਨਿਕ ਗੋਨਾਡੌਟਰੋਪਿਨ) ਅਤੇ ਐੱਲ ਡੀ ਐੱਚ (ਲੈਕਟੇਟ ਡੀ ਹਾਈਡਰੋਜੀਨੇਸ) ਹਨ।

**ਇਮੇਜਿੰਗ ਸਟੱਡੀਜ਼:** ਇਮੇਜਿੰਗ ਸਟੱਡੀਜ਼ ਨਾਲ ਟਿਸ਼ੂਆਂ, ਅੰਗਾਂ ਅਤੇ ਹੱਡੀਆਂ ਦੀ ਜਾਂਚ ਜ਼ਿਆਦਾ ਵਿਸਥਾਰ ਨਾਲ ਕੀਤੀ ਜਾ ਸਕਦੀ ਹੈ। ਐਕਸਰਿਆਂ, ਅਲਟਰਾਸਾਊਂਡ, ਸੀ ਟੀ ਸਕੈਨਾਂ, ਐੱਮ ਆਰ ਆਈਜ਼ ਅਤੇ ਹੱਡੀਆਂ ਦੇ ਸਕੈਨਾਂ ਨਾਲ ਤੁਹਾਡੀ ਇਲਾਜ ਕਰਨ ਵਾਲੀ ਟੀਮ, ਰਸੌਲੀ ਦੇ ਆਕਾਰ ਦੀ ਤਸਵੀਰ ਲੈ ਸਕਦੀ ਹੈ ਅਤੇ ਇਹ ਦੇਖ ਸਕਦੀ ਹੈ ਕਿ ਬੀਮਾਰੀ ਫੈਲੀ ਹੈ ਜਾਂ ਨਹੀਂ। ਇਹ ਟੈੱਸਟ ਆਮ ਤੌਰ 'ਤੇ ਪੀੜ-ਰਹਿਤ ਹੁੰਦੇ ਹਨ ਅਤੇ ਇਨ੍ਹਾਂ ਲਈ ਮਾਸ ਸੁਲਾਉਣ ਜਾਂ ਬੇਹੋਸ਼ ਕਰਨ ਦੀ ਲੋੜ ਨਹੀਂ ਹੁੰਦੀ।

## ਸਟੇਜਿੰਗ

ਕੈਂਸਰ ਦਾ ਪੱਕੀ ਤਰ੍ਹਾਂ ਪਤਾ ਲੱਗ ਜਾਣ ਅਤੇ ਤੁਹਾਡੀ ਇਲਾਜ ਕਰਨ ਵਾਲੀ ਟੀਮ ਨੂੰ ਲੋੜੀਂਦੀ ਜਾਣਕਾਰੀ ਮਿਲ ਜਾਣ ਤੋਂ ਬਾਅਦ, ਕੈਂਸਰ ਨੂੰ ਇਕ ਸਟੇਜ ਦਿੱਤੀ ਜਾਵੇਗੀ।

ਕੈਂਸਰ ਸਟੇਜ ਰਸੌਲੀ ਦੇ ਆਕਾਰ ਬਾਰੇ ਦੱਸਣ ਦੇ ਨਾਲ ਇਹ ਵੀ ਦੱਸਦੀ ਹੈ ਕਿ ਕੀ ਕੈਂਸਰ ਉਸ ਥਾਂ ਤੋਂ ਅਗਾਂਹ ਫੈਲੀ ਹੈ ਜਾਂ ਨਹੀਂ ਜਿੱਥੇ ਇਹ ਸ਼ੁਰੂ ਹੋਈ ਸੀ।

ਪਤਾਲੂਆਂ ਦੀ ਕੈਂਸਰ ਦੀਆਂ ਚਾਰ ਸਟੇਜਾਂ ਹਨ।

| ਸਟੇਜ | ਵਰਣਨ |
|---|---|
| 0 | ਅਸਾਧਾਰਣ ਸੈੱਲ ਸਿਰਫ਼ ਉਨ੍ਹਾਂ ਬਹੁਤ ਹੀ ਛੋਟੀਆਂ ਟਿਊਬਾਂ ਵਿਚ ਮਿਲੇ ਹਨ ਜਿੱਥੇ ਸਪਰਮ ਸੈੱਲ ਬਣਨਾ ਸ਼ੁਰੂ ਹੁੰਦੇ ਹਨ। ਕੈਂਸਰ ਵਾਲੇ ਸੈੱਲ ਆਮ ਟਿਸ਼ੂਆਂ 'ਤੇ ਹਮਲਾ ਨਹੀਂ ਕਰਦੇ। ਇਸ ਨੂੰ ਕਦੇ ਕਦੇ ਕੈਂਸਰ ਤੋਂ ਪਹਿਲਾਂ ਵਾਲੀ ਹਾਲਤ ਵੀ ਕਿਹਾ ਜਾਂਦਾ ਹੈ। |
| 1 | ਕੈਂਸਰ ਸਿਰਫ ਪਤਾਲੂਆਂ ਵਿਚ ਹੈ। |
| 2 | ਕੈਂਸਰ ਢਿੱਡ ਵਿਚਲੀਆਂ ਲਿੰਫ ਨੋਡਜ਼ ਤੱਕ ਫੈਲ ਗਈ ਹੈ ਪਰ ਸਰੀਰ ਦੇ ਜ਼ਿਆਦਾ ਦੂਰ ਵਾਲੇ ਹਿੱਸੇ ਵਿਚ ਨਹੀਂ। |
| 3 | ਕੈਂਸਰ ਦੇ ਸੈੱਲ ਨੇੜੇ ਦੀਆਂ ਜਾਂ ਦੂਰ ਦੀਆਂ ਲਿੰਫ ਨੋਡਜ਼ ਤੱਕ ਫੈਲ ਗਏ ਹਨ ਅਤੇ ਸਰੀਰ ਦੇ ਇਕ ਜਾਂ ਦੋ ਹਿੱਸਿਆਂ ਤੱਕ ਫੈਲ ਗਏ ਹੋ ਸਕਦੇ ਹਨ, ਜਿਵੇਂ ਕਿ ਫੇਫੜੇ। |

ਕੈਂਸਰ ਦੀ ਸਟੇਜ ਦਾ ਪਤਾ ਲਾਉਣਾ ਜ਼ਰੂਰੀ ਹੈ। ਇਹ ਜਾਣਕਾਰੀ ਤੁਹਾਡੇ ਲਈ ਸਭ ਤੋਂ ਬਿਹਤਰ ਇਲਾਜ ਦੀ ਚੋਣ ਕਰਨ ਵਿਚ ਤੁਹਾਡੀ ਅਤੇ ਤੁਹਾਡੀ ਇਲਾਜ ਕਰਨ ਵਾਲੀ ਟੀਮ ਦੀ ਮਦਦ ਕਰਦੀ ਹੈ।

© Canadian Cancer Society 2006 

# ਪਤਾਲੂਆਂ ਦੀ ਕੈਂਸਰ ਦੇ ਇਲਾਜ

ਭਾਵੇਂ ਕਿ ਕੈਂਸਰ ਦਾ ਪਤਾ ਲੱਗਣਾ ਚਿੰਤਾ ਅਤੇ ਫਿਕਰ ਪੈਦਾ ਕਰ ਸਕਦਾ ਹੈ, ਪਰ ਬਹੁਤੇ ਮਰਦਾਂ ਵਿਚ ਪਤਾਲੂਆਂ ਦੀ ਕੈਂਸਰ ਦਾ ਇਲਾਜ ਕੀਤਾ ਜਾ ਸਕਦਾ ਹੈ, ਭਾਵੇਂ ਇਹ ਫੈਲ ਵੀ ਗਈ ਹੋਵੇ। ਤੁਹਾਡੇ ਲਈ ਕਿਹੜੇ ਇਲਾਜ ਬਿਹਤਰ ਹੋਣਗੇ, ਇਹ ਪਤਾ ਲਾਉਣ ਲਈ ਤੁਹਾਡੀ ਇਲਾਜ ਕਰਨ ਵਾਲੀ ਟੀਮ ਤੁਹਾਡੀ ਆਮ ਸਿਹਤ, ਅਤੇ ਕੈਂਸਰ ਦੀ ਕਿਸਮ ਅਤੇ ਸਟੇਜ ’ਤੇ ਵਿਚਾਰ ਕਰੇਗੀ। ਇਲਾਜ ਦੀਆਂ ਚੋਣਾਂ ਕਰਨ ਲਈ ਤੁਸੀਂ ਆਪਣੀ ਇਲਾਜ ਕਰਨ ਵਾਲੀ ਟੀਮ ਨਾਲ ਰਲ ਕੇ ਕੰਮ ਕਰੋਗੇ। ਜੇ ਤੁਹਾਡੇ ਮਨ ਵਿਚ ਕੋਈ ਸਵਾਲ ਜਾਂ ਫਿਕਰ ਹੋਵੇ ਤਾਂ ਉਨ੍ਹਾਂ ਨਾਲ ਗੱਲ ਕਰੋ।

ਆਪਣੀ ਟੀਮ ਤੋਂ ਪੁੱਛੋ ਕਿ ਤੁਹਾਡੇ ਇਲਾਜ ਨਾਲ ਤੁਹਾਡੇ ਬੱਚੇ ਪੈਦਾ ਕਰਨ ਦੀ ਸਮਰੱਥਾ ’ਤੇ ਅਸਰ ਤਾਂ ਨਹੀਂ ਪਵੇਗਾ। ਇਲਾਜ ਤੋਂ ਬਾਅਦ ਵਰਤੋਂ ਲਈ ਸਪਰਮਾਂ ਨੂੰ ਸਾਂਭਿਆ ਜਾ ਸਕਦਾ ਹੈ। ਤੁਹਾਡੀ ਇਲਾਜ ਕਰਨ ਵਾਲੀ ਟੀਮ ਅਗਾਊਂ ਯੋਜਨਾ ਬਣਾਉਣ ਵਿਚ ਤੁਹਾਡੀ ਮਦਦ ਕਰ ਸਕਦੀ ਹੈ।

**ਕੁਝ ਇਲਾਜ ਸਦਾ ਲਈ ਬਾਂਝਪਣ ਪੈਦਾ ਕਰ ਸਕਦੇ ਹਨ।**
ਕੋਈ ਵੀ ਇਲਾਜ ਕਰਵਾਉਣ ਤੋਂ ਪਹਿਲਾਂ, ਆਪਣੇ ਡਾਕਟਰ ਨਾਲ ਸਪਰਮ ਸਾਂਭਣ (ਭਵਿੱਖ ਵਿਚ ਵਰਤੋਂ ਲਈ ਇਲਾਜ ਤੋਂ ਪਹਿਲਾਂ ਸਪਰਮਾਂ ਨੂੰ ਫਰੀਜ਼ ਕਰਨ) ਬਾਰੇ ਗੱਲ ਕਰੋ। ਸਪਰਮਾਂ ਨੂੰ ਸਾਂਭਣ ਨਾਲ ਤੁਸੀਂ ਬਾਅਦ ਵਿਚ ਇਹ ਫੈਸਲਾ ਕਰ ਸਕਦੇ ਹੋ ਕਿ ਕੀ ਤੁਸੀਂ ਬੱਚੇ ਪੈਦਾ ਕਰਨਾ ਚਾਹੁੰਦੇ ਹੋ ਜਾਂ ਨਹੀਂ। ਜਵਾਨ ਮਰਦ, ਘੱਟ ਉਮਰ ਦੇ ਹੋਣ ਵੇਲੇ ਅਤੇ ਪਤਾਲੂਆਂ ਦੀ ਕੈਂਸਰ ਦਾ ਸਾਹਮਣਾ ਕਰਨ ਅਤੇ ਇਲਾਜ ਕਰਵਾਉਣ ਵੇਲੇ ਅਕਸਰ ਬੱਚੇ ਪੈਦਾ ਕਰਨ ਬਾਰੇ ਨਹੀਂ ਸੋਚਦੇ। ਸਪਰਮਾਂ ਨੂੰ ਸਾਂਭਣ ਨਾਲ ਤੁਹਾਡੇ ਅਤੇ ਤੁਹਾਡੀ ਭਵਿੱਖ ਦੀ ਸਾਥਣ ਕੋਲ ਮਹੱਤਵਪੂਰਨ ਚੋਣਾਂ ਹੁੰਦੀਆਂ ਹਨ।

ਇਲਾਜ ਹਰ ਇਕ ’ਤੇ ਵੱਖਰੀ ਤਰ੍ਹਾਂ ਅਸਰ ਪਾਉਂਦੇ ਹਨ। ਇਹ ਦੱਸਣਾ ਔਖਾ ਹੈ ਕਿ ਤੁਹਾਡੇ ’ਤੇ ਕਿਹੜੇ ਸਾਈਡ ਇਫੈਕਟ ਹੋ ਸਕਦੇ ਹਨ। ਤੁਹਾਡੀ ਇਲਾਜ ਕਰਨ ਵਾਲੀ ਟੀਮ ਤੁਹਾਨੂੰ ਇਹ ਦੱਸੇਗੀ ਕਿ ਹਰ ਇਲਾਜ ਤੋਂ ਤੁਸੀਂ ਕੀ ਉਮੀਦ ਰੱਖ ਸਕਦੇ ਹੋ। ਉਹ ਤੁਹਾਨੂੰ ਇਹ ਵੀ ਦੱਸਣਗੇ ਕਿ ਕਿਹੜੇ ਸਾਈਡ ਇਫੈਕਟਾਂ ਬਾਰੇ ਤੁਹਾਨੂੰ ਫੌਰਨ ਦੱਸਣਾ ਚਾਹੀਦਾ ਹੈ ਅਤੇ ਕਿਹੜਿਆਂ ਬਾਰੇ ਤੁਸੀਂ ਆਪਣੀ ਅਗਲੀ ਅਪੌਇੰਟਮੈਂਟ ’ਤੇ ਦੱਸ ਸਕਦੇ ਹੋ। ਜੇ ਤੁਹਾਨੂੰ ਕੋਈ ਅਜਿਹੇ ਸਾਈਡ ਇਫੈਕਟ ਜਾਂ ਨਿਸ਼ਾਨੀਆਂ ਦਿਖਾਈ ਦੇਣ ਜਿਨ੍ਹਾਂ ਦੀ ਤੁਸੀਂ ਉਮੀਦ ਨਹੀਂ ਸੀ ਰੱਖੀ ਤਾਂ ਜਿੰਨਾ ਵੀ ਛੇਤੀ ਹੋ ਸਕੇ ਆਪਣੀ ਇਲਾਜ ਕਰਨ ਵਾਲੀ ਟੀਮ ਨਾਲ ਗੱਲ ਕਰੋ।

ਮਰੀਜ਼ ਅਕਸਰ ਕੈਂਸਰ ਦੇ ਇਲਾਜ ਦੇ ਸਾਈਡ ਇਫੈਕਟਾਂ ਤੋਂ ਡਰ ਜਾਂਦੇ ਹਨ। ਪਰ, ਸਾਈਡ ਇਫੈਕਟ ਅਕਸਰ ਕਾਬੂ ਵਿਚ ਰੱਖੇ ਜਾ ਸਕਦੇ ਹਨ ਅਤੇ ਦਵਾਈ ਨਾਲ ਰੋਕੇ ਵੀ ਜਾ ਸਕਦੇ ਹਨ। ਆਪਣੀ ਇਲਾਜ ਕਰਨ ਵਾਲੀ ਟੀਮ ਨਾਲ ਖੁਲ੍ਹ ਕੇ ਗੱਲ ਕਰੋ। ਉਨ੍ਹਾਂ ਨੂੰ ਆਪਣੇ ਫਿਕਰ ਦੱਸੋ ਅਤੇ ਉਨ੍ਹਾਂ ਤੋਂ ਸਵਾਲ ਪੁੱਛੋ। ਉਹ ਅਜਿਹੀ ਸੰਭਾਲ ਅਤੇ ਜਾਣਕਾਰੀ ਲੈਣ ਵਿਚ ਤੁਹਾਡੀ ਮਦਦ ਕਰਨਗੇ ਜਿਸ ਦੀ ਤੁਹਾਨੂੰ ਲੋੜ ਹੈ।

ਪਤਾਲੂਆਂ ਦੀ ਕੈਂਸਰ ਲਈ ਤੁਹਾਡੇ ਅੱਗੇ ਲਿਖਿਆਂ ਵਿੱਚੋਂ ਇਕ ਜਾਂ ਜ਼ਿਆਦਾ ਇਲਾਜ ਹੋ ਸਕਦੇ ਹਨ।

**ਸਰਜਰੀ:** ਅਪਰੇਸ਼ਨ ਦਾ ਫੈਸਲਾ ਇਸ ਚੀਜ਼ 'ਤੇ ਨਿਰਭਰ ਕਰਦਾ ਹੈ ਕਿ ਰਸੌਲੀ ਕਿੱਥੇ ਹੈ। ਅਪਰੇਸ਼ਨ ਦੌਰਾਨ ਰਸੌਲੀ ਜਾਂ ਉਸ ਦਾ ਕੁਝ ਹਿੱਸਾ ਅਤੇ ਆਲੇ ਦੁਆਲੇ ਦੇ ਕੁਝ ਤੰਦਰੁਸਤ ਟਿਸ਼ੂ ਕੱਢ ਦਿੱਤੇ ਜਾਂਦੇ ਹਨ। ਸਰਜਰੀ ਬੇਹੋਸ਼ ਕਰਕੇ ਕੀਤੀ ਜਾਂਦੀ ਹੈ ਅਤੇ ਸਰਜਰੀ ਤੋਂ ਬਾਅਦ ਤੁਹਾਨੂੰ ਕਈ ਦਿਨ ਹਸਪਤਾਲ ਵਿਚ ਰਹਿਣਾ ਪੈ ਸਕਦਾ ਹੈ।

ਪਤਾਲੂਆਂ ਦੀ ਕੈਂਸਰ ਵਿਚ ਆਮ ਤੌਰ 'ਤੇ ਸਾਰਾ ਪਤਾਲੂ ਕੱਢ ਦਿੱਤਾ ਜਾਂਦਾ ਹੈ (ਓਰਚਿਕਟਮੀ) ਅਤੇ ਅਕਸਰ ਗੁਰਦਿਆਂ ਦੇ ਨੇੜੇ ਦੀਆਂ ਲਿੰਫ ਨੋਡਜ਼ ਵੀ ਕੱਢ ਦਿੱਤੀਆਂ ਜਾਂਦੀਆਂ ਹਨ। ਕੈਂਸਰ ਆਮ ਤੌਰ 'ਤੇ ਦੋਨੋਂ ਪਤਾਲੂਆਂ 'ਤੇ ਅਸਰ ਨਹੀਂ ਪਾਉਂਦੀ।

ਸਰਜਰੀ ਤੋਂ ਬਾਅਦ ਤੁਹਾਡੇ ਕੁਝ ਦਰਦ ਹੋ ਸਕਦੀ ਹੈ ਜਾਂ ਜੀਅ ਕੱਚਾ ਹੋ ਸਕਦਾ ਹੈ ਜਾਂ ਹੋ ਸਕਦਾ ਹੈ ਕਿ ਤੁਹਾਡਾ ਖਾਣ ਨੂੰ ਚਿਤ ਨਾ ਕਰੇ। ਇਹ ਸਾਈਡ ਇਫੈਕਟ ਆਰਜ਼ੀ ਹੁੰਦੇ ਹਨ ਅਤੇ ਇਨ੍ਹਾਂ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ।

© Canadian Cancer Society 2006 

**ਰੇਡੀਏਸ਼ਨ ਥੈਰੇਪੀ:** ਸੈਮੀਨੋਮਸ ਲਈ ਸਰਜਰੀ ਤੋਂ ਬਾਅਦ ਅਕਸਰ ਬਾਹਰੀ ਬੀਮ ਰੇਡੀਏਸ਼ਨ ਥੈਰੇਪੀ ਦੀ ਵਰਤੋਂ ਕੀਤੀ ਜਾਂਦੀ ਹੈ। ਕਿਰਨਾਂ ਨੂੰ ਧਿਆਨ ਨਾਲ ਰਸੌਲੀ 'ਤੇ ਪਾਉਣ ਲਈ ਇਕ ਵੱਡੀ ਮਸ਼ੀਨ ਦੀ ਵਰਤੋਂ ਕੀਤੀ ਜਾਂਦੀ ਹੈ। ਰੇਡੀਏਸ਼ਨ ਕਿਰਨਾਂ ਦੇ ਰਾਹ ਵਿਚ ਆਉਂਦੇ ਤੰਦਰੁਸਤ ਸੈੱਲਾਂ ਅਤੇ ਨਾਲ ਨਾਲ ਕੈਂਸਰ ਵਾਲੇ ਸੈੱਲਾਂ ਨੂੰ ਨੁਕਸਾਨ ਪਹੁੰਚਾਉਂਦੀ ਹੈ।

ਰੇਡੀਏਸ਼ਨ ਦੇ ਸਾਈਡ ਇਫੈਕਟ ਆਮ ਤੌਰ 'ਤੇ ਹਲਕੇ ਹੀ ਹੁੰਦੇ ਹਨ। ਸਾਈਡ ਇਫੈਕਟ ਵੱਖੋ ਵੱਖਰੇ ਹੁੰਦੇ ਹਨ ਅਤੇ ਇਸ ਚੀਜ਼ 'ਤੇ ਨਿਰਭਰ ਕਰਦੇ ਹਨ ਕਿ ਸਰੀਰ ਦੇ ਕਿਹੜੇ ਹਿੱਸੇ ਦੀ ਰੇਡੀਏਸ਼ਨ ਹੋਈ ਹੈ। ਤੁਸੀਂ ਆਮ ਨਾਲੋਂ ਜ਼ਿਆਦਾ ਥੱਕੇ ਹੋਏ ਮਹਿਸੂਸ ਕਰ ਸਕਦੇ ਹੋ ਜਾਂ ਤੁਹਾਨੂੰ ਇਲਾਜ ਵਾਲੀ ਥਾਂ ਦੀ ਚਮੜੀ ਵਿਚ ਤਬਦੀਲੀ ਦਿਖਾਈ ਦੇ ਸਕਦੀ ਹੈ (ਇਹ ਲਾਲ ਹੋ ਸਕਦੀ ਹੈ ਜਾਂ ਦੁਖ ਸਕਦੀ ਹੈ)। ਇਹ ਸਾਈਡ ਇਫੈਕਟ ਤੰਦਰੁਸਤ ਸੈੱਲਾਂ ਨੂੰ ਹੋਏ ਨੁਕਸਾਨ ਕਾਰਨ ਹੁੰਦੇ ਹਨ। ਇਲਾਜ ਖਤਮ ਹੋ ਜਾਣ ਤੋਂ ਬਾਅਦ ਇਹ ਸਾਈਡ ਇਫੈਕਟ ਆਮ ਤੌਰ 'ਤੇ ਹਟ ਜਾਂਦੇ ਹਨ ਅਤੇ ਤੰਦਰੁਸਤ ਸੈੱਲ ਆਪਣੇ ਆਪ ਨੂੰ ਠੀਕ ਕਰ ਲੈਂਦੇ ਹਨ।

**ਕੀਮੋਥੈਰੇਪੀ:** ਕੀਮੋਥੈਰੇਪੀ ਗੋਲੀਆਂ ਦੇ ਰੂਪ ਵਿਚ ਜਾਂ ਟੀਕੇ ਰਾਹੀਂ ਦਿੱਤੀ ਜਾ ਸਕਦੀ ਹੈ। ਕੀਮੋਥੈਰੇਪੀ ਵਾਲੀਆਂ ਦਵਾਈਆਂ ਕੈਂਸਰ ਵਾਲੇ ਸੈੱਲਾਂ ਦੀ ਵਧਣ ਅਤੇ ਫੈਲਣ ਦੀ ਸਮਰੱਥਾ ਵਿਚ ਦਖਲਅੰਦਾਜ਼ੀ ਕਰਦੀਆਂ ਹਨ, ਪਰ ਇਹ ਸਿਰਫ ਕੈਂਸਰ ਵਾਲੇ ਸੈੱਲਾਂ ਨੂੰ ਹੀ ਨਿਸ਼ਾਨਾ ਨਹੀਂ ਬਣਾਉਂਦੀਆਂ। ਉਹ ਤੰਦਰੁਸਤ ਸੈੱਲਾਂ ਨੂੰ ਵੀ ਨੁਕਸਾਨ ਪਹੁੰਚਾਉਂਦੀਆਂ ਹਨ। ਭਾਵੇਂ ਕਿ ਤੰਦਰੁਸਤ ਸੈੱਲ ਸਮਾਂ ਪਾ ਕੇ ਠੀਕ ਹੋ ਸਕਦੇ ਹਨ, ਫਿਰ ਵੀ ਇਲਾਜ ਨਾਲ, ਚਿੱਤ ਕੱਚਾ ਹੋਣ, ਉਲਟੀਆਂ ਆਉਣ, ਭੁੱਖ ਮਰਨ, ਥਕੇਂਵੇਂ, ਵਾਲਾਂ ਦੇ ਝੜਨ ਅਤੇ ਇਨਫੈਕਸ਼ਨ ਦਾ ਖਤਰਾ ਵਧਣ ਵਰਗੇ ਸਾਈਡ ਇਫੈਕਟ ਪੈਦਾ ਹੋ ਸਕਦੇ ਹਨ।

ਪਤਾਲੂਆਂ ਦੀਆਂ ਦੋਨਾਂ ਕੈਂਸਰਾਂ, ਸੈਮੀਨੋਮਾ ਅਤੇ ਨੌਨ-ਸੈਮੀਨੋਮਾ, 'ਤੇ ਕੀਮੋਥੈਰੇਪੀ ਦਾ ਚੰਗਾ ਅਸਰ ਪੈਂਦਾ ਹੈ।

**ਕਲਿਨੀਕਲ ਟਰਾਇਲਜ਼:** ਕਲਿਨੀਕਲ ਟਰਾਇਲਜ਼ ਉਹ ਵਿਗਿਆਨਕ ਅਧਿਐਨ ਹਨ ਜਿਹੜੇ ਕੈਂਸਰ ਦੀ ਰੋਕਥਾਮ, ਇਲਾਜ ਜਾਂ ਇਸ ਨੂੰ ਕਾਬੂ ਵਿਚ ਰੱਖਣ ਦੇ ਨਵੇਂ ਤਰੀਕਿਆਂ ਨੂੰ ਟੈੱਸਟ ਕਰਦੇ ਹਨ। ਇਹ ਡਾਕਟਰੀ ਤਜਰਬੇ ਕੈਂਸਰ ਦੇ ਇਲਾਜ ਲਈ ਨਵੇਂ ਤਰੀਕਿਆਂ ਬਾਰੇ ਖੋਜ ਕਰਦੇ ਹਨ ਜਿਵੇਂ ਕਿ ਨਵੀਂਆਂ ਦਵਾਈਆਂ, ਇਲਾਜ ਦੀਆਂ ਨਵੀਂਆਂ ਕਿਸਮਾਂ ਜਾਂ ਪਹਿਲਾਂ ਹੀ ਮੌਜੂਦ ਇਲਾਜਾਂ ਦੇ ਸੁਮੇਲ। ਇਹ ਪੱਕਾ ਕਰਨ ਲਈ ਕਿ ਇਹ ਤਜਰਬੇ ਇਨ੍ਹਾਂ ਵਿਚ ਹਿੱਸਾ ਲੈਣ ਵਾਲਿਆਂ ਲਈ ਸੁਰੱਖਿਅਤ ਅਤੇ ਅਸਰਦਾਰ ਹੋਣ, ਇਨ੍ਹਾਂ 'ਤੇ ਪੂਰੀ ਨਿਗਰਾਨੀ ਰੱਖੀ ਜਾਂਦੀ ਹੈ। ਆਪਣੇ ਡਾਕਟਰ ਨੂੰ ਪੁੱਛੋ ਕਿ ਕੀ ਕੋਈ ਅਜਿਹਾ ਕਲਿਨੀਕਲ ਟਰਾਇਲ ਹੈ ਜਿਹੜਾ ਤੁਹਾਡੇ ਇਲਾਜ ਦੀ ਚੋਣ ਵਜੋਂ ਢੁਕਵਾਂ ਹੈ। ਹੋ ਸਕਦਾ ਹੈ ਕਿ ਤੁਹਾਨੂੰ ਅਤੇ ਭਵਿੱਖ ਵਿਚ ਕੈਂਸਰ ਦੇ ਹੋਰ ਮਰੀਜ਼ਾਂ ਨੂੰ ਇਸ ਤੋਂ ਫਾਇਦਾ ਹੋਵੇ।

**ਸਹਾਇਕ ਇਲਾਜ:** ਸਮਾਧੀ ਜਾਂ ਸੂਖਮ ਛੂਹ ਵਰਗੇ ਸਹਾਇਕ ਇਲਾਜਾਂ ਦੀ ਵਰਤੋਂ ਰਵਾਇਤੀ ਡਾਕਟਰੀ ਇਲਾਜਾਂ ਦੇ ਨਾਲ ਨਾਲ ਕੀਤੀ ਜਾਂਦੀ ਹੈ। ਇਹ ਸਮਝਣ ਲਈ ਹੋਰ ਖੋਜ ਦੀ ਲੋੜ ਹੈ ਕਿ ਕੀ ਇਹ ਇਲਾਜ ਅਸਰਦਾਰ ਹਨ ਅਤੇ ਇਹ ਕਿਵੇਂ ਕੰਮ ਕਰਦੇ ਹਨ।

ਡਾਕਟਰੀ ਇਲਾਜ *ਦੀ ਥਾਂ* ਰਵਾਇਤੀ ਚੀਨੀ ਦਵਾਈਆਂ ਜਾਂ ਖਾਸ ਖੁਰਾਕਾਂ ਵਰਗੇ ਬਦਲਵੇਂ ਇਲਾਜਾਂ ਦੀ ਵਰਤੋਂ ਕੀਤੀ ਜਾਂਦੀ ਹੈ। ਬਦਲਵੇਂ ਇਲਾਜਾਂ ਦੇ ਸੁਰੱਖਿਅਤ ਜਾਂ ਅਸਰਦਾਰ ਹੋਣ ਬਾਰੇ ਟੈੱਸਟ ਨਹੀਂ ਹੋਏ। ਅਜੇ ਵੀ ਇਹ ਪਤਾ ਨਹੀਂ ਹੈ ਕਿ ਕੀ ਇਹ ਤੁਹਾਨੂੰ ਨੁਕਸਾਨ ਪਹੁੰਚਾਉਣਗੇ ਜਾਂ ਕੀ ਇਹ ਕੈਂਸਰ ਦੇ ਇਲਾਜ ਲਈ ਕੰਮ ਕਰਨਗੇ ਜਾਂ ਨਹੀਂ।

ਜੇ ਤੁਸੀਂ ਕਿਸੇ ਸਹਾਇਕ ਜਾਂ ਬਦਲਵੇਂ ਇਲਾਜ ਬਾਰੇ ਸੋਚ ਰਹੇ ਹੋ ਤਾਂ ਉਸ ਇਲਾਜ ਬਾਰੇ ਵੱਧ ਤੋਂ ਵੱਧ ਜਾਣਕਾਰੀ ਲਵੋ ਅਤੇ ਆਪਣੀ ਇਲਾਜ ਕਰਨ ਵਾਲੀ ਟੀਮ ਨਾਲ ਗੱਲ ਕਰੋ। ਸਹਾਇਕ ਜਾਂ ਬਦਲਵੇਂ ਇਲਾਜ ਟੈੱਸਟਾਂ ਜਾਂ ਬਾਕਾਇਦਾ ਇਲਾਜਾਂ 'ਤੇ ਅਸਰ ਪਾ ਸਕਦੇ ਹਨ।

© Canadian Cancer Society 2006

## ਇਲਾਜ ਤੋਂ ਬਾਅਦ

ਇਲਾਜ ਤੋਂ ਬਾਅਦ ਪੈਰਵੀ ਕਰਨ ਵਾਲੀ ਸੰਭਾਲ, ਤੁਹਾਡੀ ਸਿਹਤ ਅਤੇ ਤੁਹਾਡੀ ਸਿਹਤਯਾਬੀ ਬਾਰੇ ਨਿਗਰਾਨੀ ਰੱਖਣ ਵਿਚ ਤੁਹਾਡੀ ਅਤੇ ਤੁਹਾਡੀ ਇਲਾਜ ਕਰਨ ਵਾਲੀ ਟੀਮ ਦੀ ਮਦਦ ਕਰਦੀ ਹੈ। ਪਹਿਲਾਂ ਪਹਿਲਾਂ ਇਹ ਪੈਰਵੀ ਤੁਹਾਡੀ ਇਲਾਜ ਕਰਨ ਵਾਲੀ ਟੀਮ ਦੇ ਕਿਸੇ ਸਪੈਸ਼ਲਿਸਟ ਵਲੋਂ ਕੀਤੀ ਜਾ ਸਕਦੀ ਹੈ। ਬਾਅਦ ਵਿਚ ਅਜਿਹਾ ਫੈਮਿਲੀ ਡਾਕਟਰ ਵਲੋਂ ਕੀਤਾ ਜਾ ਸਕਦਾ ਹੈ।

ਪੈਰਵੀ ਲਈ ਆਉਣ ਦਾ ਸਮਾਂ ਹਰ ਵਿਅਕਤੀ ਲਈ ਵੱਖਰਾ ਹੁੰਦਾ ਹੈ। ਇਲਾਜ ਤੋਂ ਬਾਅਦ ਦੇ ਪਹਿਲੇ ਸਾਲ ਵਿਚ ਤੁਸੀਂ ਆਪਣੇ ਡਾਕਟਰ ਕੋਲ ਅਕਸਰ ਜਾ ਸਕਦੇ ਹੋ ਅਤੇ ਬਾਅਦ ਵਿਚ ਘੱਟ ਵਾਰੀ।

ਕੈਂਸਰ ਦੇ ਇਲਾਜ ਦਾ ਮੁੱਕਣਾ ਕਈ ਤਰ੍ਹਾਂ ਦੇ ਜਜ਼ਬਾਤ ਪੈਦਾ ਕਰ ਸਕਦਾ ਹੈ। ਤੁਸੀਂ ਪ੍ਰਸੰਨ ਹੋ ਸਕਦੇ ਹੋ ਕਿ ਇਲਾਜ ਮੁੱਕ ਗਏ ਹਨ ਅਤੇ ਤੁਹਾਨੂੰ ਆਪਣੇ ਆਮ ਕੰਮਕਾਜ ਕਰਨ ਦੀ ਤਾਂਘ ਹੋ ਸਕਦੀ ਹੈ। ਪਰ ਤੁਸੀਂ ਫਿਕਰਮੰਦ ਵੀ ਹੋ ਸਕਦੇ ਹੋ। ਜੇ ਤੁਹਾਨੂੰ ਆਪਣੇ ਇਲਾਜ ਦੇ ਖਤਮ ਹੋਣ ਬਾਰੇ ਫਿਕਰ ਹੋਵੇ ਤਾਂ ਆਪਣੀ ਇਲਾਜ ਕਰਨ ਵਾਲੀ ਟੀਮ ਨਾਲ ਗੱਲ ਕਰੋ। ਇਸ ਤਬਦੀਲੀ ਦੇ ਸਮੇਂ ਉਹ ਤੁਹਾਡੀ ਮਦਦ ਕਰਨਗੇ।

## ਕੈਂਸਰ ਨਾਲ ਰਹਿਣਾ

ਇਹ ਗੱਲ ਯਾਦ ਰੱਖੋ ਕਿ ਕੈਂਸਰ ਵਾਲੇ ਲੋਕਾਂ ਅਤੇ ਉਨ੍ਹਾਂ ਦੀ ਸੰਭਾਲ ਕਰਨ ਵਾਲਿਆਂ ਲਈ ਮਦਦ ਦੇ ਕਈ ਵਸੀਲੇ ਹਨ।

**ਤੁਹਾਡੀ ਇਲਾਜ ਕਰਨ ਵਾਲੀ ਟੀਮ:** ਜੇ ਤੁਹਾਨੂੰ ਅਮਲੀ ਮਦਦ ਜਾਂ ਜਜ਼ਬਾਤੀ ਮਦਦ ਦੀ ਲੋੜ ਹੋਵੇ ਤਾਂ ਤੁਹਾਡੀ ਇਲਾਜ ਕਰਨ ਵਾਲੀ ਟੀਮ ਦੇ ਮੈਂਬਰ ਤੁਹਾਡੀ ਕਮਿਉਨਟੀ ਵਿਚਲੀਆਂ ਸੇਵਾਵਾਂ ਬਾਰੇ ਤੁਹਾਨੂੰ ਦੱਸ ਸਕਦੇ ਹਨ ਜਾਂ ਤੁਹਾਨੂੰ ਕੈਂਸਰ ਸੈਂਟਰ ਜਾਂ ਮਾਨਸਿਕ ਸਿਹਤ ਦੇ ਮਾਹਰਾਂ ਕੋਲ ਭੇਜ ਸਕਦੇ ਹਨ।

**ਪਰਿਵਾਰ ਅਤੇ ਦੋਸਤ:** ਤੁਹਾਡੇ ਨੇੜੇ ਦੇ ਲੋਕ ਬਹੁਤ ਮਦਦ ਕਰ ਸਕਦੇ ਹਨ। ਉਨ੍ਹਾਂ ਦੀ ਮਦਦ ਨੂੰ ਪ੍ਰਵਾਨ ਕਰੋ। ਜਦੋਂ ਕੋਈ ਕਹੇ "ਮੈਨੂੰ ਦੱਸੋ ਕਿ ਮੈਂ ਤੁਹਾਡੀ ਕਿਵੇਂ ਮਦਦ ਕਰਾਂ" ਤਾਂ ਉਨ੍ਹਾਂ ਨੂੰ ਦੱਸੋ ਕਿ ਉਹ ਕੀ ਕਰ ਸਕਦੇ ਹਨ। ਉਹ ਘਰ ਦੇ ਕੰਮ ਕਰ ਸਕਦੇ ਹਨ, ਖਾਣਾ ਬਣਾ ਸਕਦੇ ਹਨ ਜਾਂ ਤੁਹਾਨੂੰ ਡਾਕਟਰ ਦੇ ਦਫਤਰ ਤੱਕ ਜਾਣ ਲਈ ਰਾਇਡ ਦੇ ਸਕਦੇ ਹਨ।

**ਉਨ੍ਹਾਂ ਲੋਕਾਂ ਤੋਂ ਮਦਦ ਜਿਨ੍ਹਾਂ ਨੂੰ ਕੈਂਸਰ ਦਾ ਤਜਰਬਾ ਹੋਇਆ ਹੈ:** ਮਦਦ ਕਰਨ ਵਾਲੇ ਕਿਸੇ ਗਰੁੱਪ ਕੋਲ ਜਾਣ ਬਾਰੇ ਜਾਂ ਕੈਂਸਰ ਤੋਂ ਠੀਕ ਹੋਏ ਕਿਸੇ ਵਿਅਕਤੀ ਨਾਲ ਸਿੱਧੀ, ਫੋਨ 'ਤੇ ਜਾਂ ਇੰਟਰਨੈੱਟ 'ਤੇ ਗੱਲਬਾਤ ਕਰਨ ਬਾਰੇ ਵਿਚਾਰ ਕਰੋ। ਆਪਣੇ ਵਰਗਾ ਤਜਰਬੇ ਰੱਖਦੇ ਹੋਰ ਵਿਅਕਤੀਆਂ ਨਾਲ ਗੱਲਬਾਤ ਕਰਨ ਅਤੇ ਉਨ੍ਹਾਂ ਤੋਂ ਸਿੱਖਣ ਨਾਲ ਮਦਦ ਹੋ ਸਕਦੀ ਹੈ। ਇਕ ਨਾਲੋਂ ਜ਼ਿਆਦਾ ਚੀਜ਼ਾਂ ਕਰਕੇ ਦੇਖੋ ਅਤੇ ਇਹ ਪਤਾ ਲਾਉ ਕਿ ਤੁਹਾਡੇ ਲਈ ਕਿਹੜੀ ਸਭ ਤੋਂ ਬਿਹਤਰ ਹੈ।

**ਤੁਸੀਂ ਖੁਦ:** ਆਸਵੰਦ ਰਹਿਣ ਦੀ ਕੋਸ਼ਿਸ਼ ਕਰੋ। ਆਸਵੰਦ ਰਹਿਣ ਦਾ ਮਤਲਬ ਇਹ ਪਤਾ ਲਾਉਣਾ ਹੈ ਕਿ ਕੈਂਸਰ ਨਾਲ ਚੰਗੇ ਤਰੀਕੇ ਨਾਲ ਕਿਵੇਂ ਰਹਿਣਾ ਹੈ – ਅਤੇ ਹਰ ਇਕ ਅਜਿਹਾ ਆਪਣੇ ਤਰੀਕੇ ਨਾਲ ਕਰਦਾ ਹੈ। ਇਸ ਦਾ ਮਤਲਬ ਇਹ ਨਹੀਂ ਹੈ ਕਿ ਤੁਹਾਨੂੰ ਹਰ ਵੇਲੇ ਖੁਸ਼ ਜਾਂ ਪ੍ਰਸੰਨ ਰਹਿਣਾ ਚਾਹੀਦਾ ਹੈ, ਜਾਂ ਕੈਂਸਰ ਦੀਆਂ ਔਖਿਆਈਆਂ ਬਾਰੇ ਗੱਲ ਕਰਨ ਜਾਂ ਸੋਚਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਪਰ ਇਸ ਦਾ ਮਤਲਬ ਅਜਿਹੀਆਂ ਆਰਾਮਦੇਹ, ਆਨੰਦਮਈ ਸਰਗਰਮੀਆਂ ਲੱਭ ਕੇ ਆਪਣਾ ਧਿਆਨ ਰੱਖਣਾ ਹੋ ਸਕਦਾ ਹੈ, ਜਿਹੜੀਆਂ ਤੁਹਾਨੂੰ ਦਿਮਾਗੀ, ਰੂਹਾਨੀ ਅਤੇ ਜਿਸਮਾਨੀ ਤਾਜ਼ਗੀ ਦੇਣ।

## **ਕੈਨੇਡੀਅਨ ਕੈਂਸਰ ਸੁਸਾਇਟੀ**
*ਕੈਂਸਰ ਨੂੰ ਸਮਝਣ ਵਿਚ ਤੁਹਾਡੀ ਮਦਦ ਕਰ ਰਹੀ ਹੈ*

ਹੁਣ ਜਦ ਕਿ ਤੁਹਾਨੂੰ ਪਤਾਲੂਆਂ ਦੀ ਕੈਂਸਰ ਬਾਰੇ ਮੁਢਲੀ ਜਾਣਕਾਰੀ ਦੇ ਦਿੱਤੀ ਗਈ ਹੈ, ਹੋ ਸਕਦਾ ਹੈ ਕਿ ਤੁਸੀਂ ਹੋਰ ਜਾਣਨਾ ਚਾਹੁੰਦੇ ਹੋਵੋ। ਪਤਾਲੂਆਂ ਦੀ ਕੈਂਸਰ ਬਾਰੇ ਜ਼ਿਆਦਾ ਵਿਸਥਾਰ ਵਿਚ ਜਾਣਕਾਰੀ ਲੈਣ ਲਈ ਕਿਰਪਾ ਕਰਕੇ ਕੈਨੇਡੀਅਨ ਕੈਂਸਰ ਸੁਸਾਇਟੀ ਨਾਲ ਸੰਪਰਕ ਕਰੋ। ਸਾਡੀਆਂ ਸੇਵਾਵਾਂ ਮੁਫ਼ਤ ਅਤੇ ਗੁਪਤ ਹਨ।

ਕੈਨੇਡੀਅਨ ਕੈਂਸਰ ਸੁਸਾਇਟੀ ਨਾਲ ਸੰਪਰਕ ਕਰਨ ਲਈ:

- ਜਾਣਕਾਰੀ ਦੇਣ ਵਾਲੇ ਸਾਡੇ ਕਿਸੇ ਮਾਹਰ ਨੂੰ, ਸੋਮਵਾਰ ਤੋਂ ਸ਼ੁੱਕਰਵਾਰ ਤੱਕ ਸਵੇਰ ਦੇ 9 ਵਜੇ ਤੋਂ ਲੈ ਕੇ ਸ਼ਾਮ ਦੇ 6 ਵਜੇ ਤੱਕ **1 888 939-3333** ’ਤੇ ਮੁਫ਼ਤ ਫੋਨ ਕਰੋ।
- ਸਾਨੂੰ **info@cis.cancer.ca** ’ਤੇ ਈ-ਮੇਲ ਕਰੋ।
- **www.cancer.ca** ’ਤੇ ਸਾਡਾ ਵੈੱਬਸਾਈਟ ਦੇਖੋ।
- ਕੈਨੇਡੀਅਨ ਕੈਂਸਰ ਸੁਸਾਇਟੀ ਦੇ ਆਪਣੇ ਨੇੜੇ ਦੇ ਦਫਤਰ ਨਾਲ ਸੰਪਰਕ ਕਰੋ।

## ਅਸੀਂ ਕੀ ਕਰਦੇ ਹਾਂ

ਸਾਡੇ ਵਾਲੰਟੀਅਰਾਂ ਅਤੇ ਸਟਾਫ ਵਲੋਂ ਕੀਤੇ ਜਾਂਦੇ ਕੰਮ ਅਤੇ ਸਾਡੇ ਦਾਨੀਆਂ ਦੀ ਖੁੱਲ੍ਹਦਿਲੀ ਦੀ ਮਿਹਰਬਾਨੀ ਨਾਲ, ਕੈਨੇਡੀਅਨ ਕੈਂਸਰ ਸੁਸਾਇਟੀ, ਕੈਂਸਰ ਖਿਲਾਫ ਲੜਾਈ ਵਿਚ ਅਗਵਾਈ ਕਰ ਰਹੀ ਹੈ। ਕੈਨੇਡੀਅਨ ਕੈਂਸਰ ਸੁਸਾਇਟੀ:

- ਸਾਰੀਆਂ ਕਿਸਮਾਂ ਦੀ ਕੈਂਸਰ 'ਤੇ ਵਧੀਆ ਖੋਜ ਲਈ ਫੰਡ ਦਿੰਦੀ ਹੈ
- ਸਿਹਤਮੰਦ ਜਨਤਕ ਨੀਤੀ ਦੀ ਹਿਮਾਇਤ ਕਰਦੀ ਹੈ
- ਕੈਂਸਰ ਦਾ ਖਤਰਾ ਘਟਾਉਣ ਵਿਚ ਮਦਦ ਕਰਨ ਲਈ ਸਿਹਤਮੰਦ ਰਹਿਣੀ-ਬਹਿਣੀ ਨੂੰ ਉਤਸ਼ਾਹ ਦਿੰਦੀ ਹੈ
- ਕੈਂਸਰ ਬਾਰੇ ਜਾਣਕਾਰੀ ਦਿੰਦੀ ਹੈ
- ਕੈਂਸਰ ਵਾਲੇ ਲੋਕਾਂ ਦੀ ਮਦਦ ਕਰਦੀ ਹੈ

ਕੈਂਸਰ ਅਤੇ ਸਾਡੀਆਂ ਸੇਵਾਵਾਂ ਬਾਰੇ ਤਾਜ਼ੀ ਜਾਣਕਾਰੀ ਲੈਣ ਲਈ ਜਾਂ ਦਾਨ ਕਰਨ ਲਈ ਸਾਡੇ ਨਾਲ ਸੰਪਰਕ ਕਰੋ।

Canadian Cancer Society | Société canadienne du cancer

**ਆਉ ਕੈਂਸਰ ਨੂੰ ਬੀਤੇ ਸਮੇਂ ਦੀ ਚੀਜ਼ ਬਣਾਈਏ**

**1 888 939-3333 | www.cancer.ca**

ਕੈਨੇਡੀਅਨ ਕੈਂਸਰ ਸੁਸਾਇਟੀ ਵਲੋਂ ਤਿਆਰ ਕੀਤੀ ਗਈ ਇਹ ਕੇਵਲ ਆਮ ਜਾਣਕਾਰੀ ਹੈ। ਇਸ ਦਾ ਮੰਤਵ ਕਿਸੇ ਮਾਨਤਾ ਪ੍ਰਾਪਤ ਸਿਹਤ ਮਾਹਰ ਦੀ ਸਲਾਹ ਦੀ ਥਾਂ ਲੈਣਾ ਨਹੀਂ ਹੈ।

ਇਸ ਲਿਖਤ ਵਿਚਲੀ ਸਾਮੱਗਰੀ ਦੀ ਬਿਨਾਂ ਆਗਿਆ ਤੋਂ ਕਾਪੀ ਕੀਤੀ ਜਾ ਸਕਦੀ ਹੈ ਜਾਂ ਇਹ ਮੁੜ ਕੇ ਤਿਆਰ ਕੀਤੀ ਜਾ ਸਕਦੀ ਹੈ; ਪਰ ਅੱਗੇ ਦਿੱਤਾ ਹਵਾਲਾ ਦਿੱਤਾ ਜਾਣਾ ਜ਼ਰੂਰੀ ਹੈ: ***ਪਤਾਲੂਆਂ ਦੀ ਕੈਂਸਰ: ਆਪਣੇ ਰੋਗ ਨੂੰ ਸਮਝਣਾ*** ਕਨੇਡੀਅਨ ਕੈਂਸਰ ਸੁਸਾਇਟੀ 2006.

© Canadian Cancer Society 2006 | Translated March 2007 | 311-043P